SED-EDU401/72/2023-2EDU4

I/1369079/2026

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ – 4 ਸ਼ਾਖਾ)

**ਹੁਕਮ**

ਸਕੂਲ ਸਿੱਖਿਆ ਵਿਭਾਗ, ਪੰਜਾਬ ਵਿਖੇ ਕੰਮ ਕਰ ਰਹੇ ਪ੍ਰਿੰਸੀਪਲਾਂ/ਉੱਪ ਜਿਲ੍ਹਾ ਸਿੱਖਿਆ ਅਫਸਰਾਂ ਤੋਂ ਬਤੌਰ ਜਿਲ੍ਹਾ ਸਿੱਖਿਆ ਅਫਸਰ/ਸਹਾਇਕ ਡਾਇਰੈਕਟਰ ਪੱਦ ਉੱਨਤੀਆਂ ਕਰਨ ਲਈ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ ਮਿਤੀ 25.01.2024 ਨੂੰ ਰੱਖੀ ਗਈ ਸੀ। ਵਿਭਾਗੀ ਤਰੱਕੀ ਕਮੇਟੀ ਵੱਲੋਂ ਲਏ ਗਏ ਫੈਸਲੇ/ਕੀਤੀ ਗਈ ਸ਼ਿਫਾਰਸ਼ ਅਨੁਸਾਰ 51 ਪ੍ਰਿੰਸੀਪਲਾਂ/ਉੱਪ ਜਿਲ੍ਹਾ ਸਿੱਖਿਆ ਅਫਸਰਾਂ ਤੋਂ ਬਤੌਰ ਜਿਲ੍ਹਾ ਸਿੱਖਿਆ ਅਫਸਰ/ਸਹਾਇਕ ਡਾਇਰੈਕਟਰ ਪੱਦ ਉੱਨਤ ਕਰਨ ਸਬੰਧੀ ਹੁਕਮ ਸਰਕਾਰ ਦੇ ਪੱਤਰ ਨੰ: SED-EDU401/72/2023-2EDU4/16 ਮਿਤੀ 25.01.2024 ਰਾਹੀਂ ਜਾਰੀ ਕੀਤੇ ਗਏ ਸਨ। ਕਮੇਟੀ ਵੱਲੋਂ ਸ੍ਰੀ ਰਾਜੀਵ ਕੁਮਾਰ ਛਾਬੜਾ, ਪ੍ਰਿੰਸੀਪਲ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਪੈਡਿੰਗ ਹੋਣ ਕਾਰਣ ਉਸਦਾ ਕੇਸ ਸੀਲਡ ਕਵਰ ਵਿੱਚ ਰੱਖਣ ਦੀ ਸਿਫਾਰਿਸ਼ ਕੀਤੀ ਗਈ ਸੀ।

2. ਹੁਣ ਸਰਕਾਰ ਦੇ ਹੁਕਮ ਨੰ SED-EDU404/102/2022-4EDU4/1240679/2025 ਮਿਤੀ 10.11.2025 ਰਾਹੀਂ ਸ੍ਰੀ ਰਾਜੀਵ ਕੁਮਾਰ ਛਾਬੜਾ, ਪ੍ਰਿੰਸੀਪਲ ਵਿਰੁੱਧ ਜਾਰੀ ਕੀਤੀ ਦੋਸ਼ ਸੂਚੀ ਦਾਖਲ ਦਫਤਰ ਕੀਤੀ ਜਾ ਚੁੱਕੀ ਹੈ। ਇਸ ਲਈ ਸ੍ਰੀ ਰਾਜੀਵ ਕੁਮਾਰ ਛਾਬੜਾ, ਪ੍ਰਿੰਸੀਪਲ ਸੀਨੀਆਰਤਾ ਨੰਬਰ 790(ਜਨਰਲ) ਦਾ ਸੀਲਡ ਕਵਰ ਖੋਲਦੇ ਹੋਏ ਉਸਨੂੰ Punjab Educational Service (School and Inspection Cadre) Group A ਲੈਵਲ 21 ਵਿਚ ਉਸ ਤੋਂ ਜੂਨੀਅਰ ਅਧਿਕਾਰੀਆਂ ਦੀ ਤਰੱਕੀ ਦੀ ਮਿਤੀ 25.1.2024 ਤੋਂ ਬਤੌਰ ਜਿਲਾ ਸਿੱਖਿਆ ਅਫਸਰ ਪਦ ਉੱਨਤ ਕੀਤਾ ਜਾਂਦਾ ਹੈ। ਮਿਤੀ 25.1.2024 ਤੋਂ ਹਾਜਰ ਹੋਣ ਦੀ ਮਿਤੀ ਤੱਕ ਉਸਦੀ ਤਰੱਕੀ ਨੋਸ਼ਨਲ ਹੋਵੇਗੀ।

3. ਇਹ ਪਦ ਉੱਨਤੀ ਹੇਠ ਦਰਸਾਈਆਂ ਸ਼ਰਤਾਂ ਤੇ ਅਧਾਰਤ ਹੋਵੇਗੀ:-

(ੳ) ਇਹ ਪੱਦ ਉੱਨਤੀ ਮਾਨਯੋਗ ਕੋਰਟ ਵਿੱਚ ਸੀਨੀਅਰਤਾ ਸਬੰਧੀ ਜੇਕਰ ਕੋਈ ਰਿੱਟ ਪਟੀਸ਼ਨ ਲੰਬਿਤ ਹੋਵੇ, ਤਾਂ ਉਨ੍ਹਾਂ ਕੇਸਾਂ ਦਾ ਜੋ ਅੰਤਿਮ ਫੈਸਲਾ ਹੋਵੇਗਾ, ਉਹ ਮੰਨਣਯੋਗ ਹੋਵੇਗਾ।

(ਅ) ਇਹ ਤਰੱਕੀ ਬਿਲਕੁਲ ਆਰਜੀ ਹੋਵੇਗੀ।

(ੲ) ਇਸ ਅਧਿਕਾਰੀ ਦਾ ਪਰਖਕਾਲ ਸਮਾਂ ਹਾਜਰ ਹੋਣ ਦੀ ਮਿਤੀ ਤੋਂ ਇੱਕ ਸਾਲ ਦਾ ਹੋਵੇਗਾ।

(ਸ) ਪੱਦ-ਉੱਨਤ ਅਧਿਕਾਰੀ ਆਪਣੀ ਹਾਜਰੀ ਰਿਪੋਰਟ ਤੁਰੰਤ ਆਪਣੀ ਨਵੀਂ ਤੈਨਾਤੀ ਵਾਲੀ ਥਾਂ ਤੇ ਪੇਸ਼ ਕਰਨਾ ਯਕੀਨੀ ਬਣਾਉਣ। ਜੇਕਰ ਅਧਿਕਾਰੀ ਤੁਰੰਤ ਆਪਣੀ ਹਾਜਰੀ ਪੇਸ਼ ਕਰਨ ਨੂੰ ਅਸਮਰਥ ਹੋਇਆ, ਤਾਂ ਉਸ ਨੂੰ ਨਿਯਮਾਂ ਅਨੁਸਾਰ ਪੱਦ-ਉੱਨਤੀ ਦੇ ਹੱਕ ਤੋਂ 02 ਸਾਲ ਲਈ ਡੀ-ਬਾਰ ਕਰ ਦਿੱਤਾ ਜਾਵੇਗਾ।

P.T.O.

(ਹ) ਜੇਕਰ ਅਧਿਕਾਰੀ ਵਿਰੁੱਧ ਕੋਈ ਕੇਸ ਧਿਆਨ ਵਿੱਚ ਆਉਂਦਾ ਹੈ, ਤਾਂ ਉਸਦੀ ਕੀਤੀ ਗਈ ਪਦ-ਉੱਨਤੀ ਨੂੰ ਮੁੜ ਵਿਚਾਰਿਆ ਜਾਵੇਗਾ।

4. ਪਦ ਉੱਨਤੀ ਉਪਰੰਤ ਸ੍ਰੀ ਰਾਜੀਵ ਕੁਮਾਰ ਛਾਬੜਾ ਨੂੰ ਬਤੌਰ ਜਿਲ੍ਹਾ ਸਿੱਖਿਆ ਅਫਸਰ (ਐ.ਸਿ.) ਜਿਲ੍ਹਾ ਤਰਨ ਤਾਰਨ ਵਿਖੇ ਖਾਲੀ ਥਾਂ ਤੇ ਤੈਨਾਤ ਕੀਤਾ ਜਾਂਦਾ ਹੈ।

5. ਇਹ ਹੁਕਮ ਤੁਰੰਤ ਲਾਗੂ ਹੋਣਗੇ।

ਸੋਨਾਲੀ ਗਿਰਿ, ਆਈ.ਏ.ਐਸ,
ਸਕੱਤਰ, ਪੰਜਾਬ ਸਰਕਾਰ,
ਸਕੂਲ ਸਿੱਖਿਆ ਵਿਭਾਗ।

ਮਿਤੀ, ਚੰਡੀਗੜ੍ਹ:
10.04.2026
ਪਿ.ਅੰ.ਨੰ/ਉਕਤ

ਮਿਤੀ, ਚੰਡੀਗੜ੍ਹ:16.04.2026

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਹਾਂ ਲੇਖਾਕਾਰ (ਏ.ਐਂਡ.ਈ.) ਆਡਿਟ ਵਿੰਗ, ਪੰਜਾਬ, ਚੰਡੀਗੜ੍ਹ।
2. ਸਕੱਤਰ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ।
3. ਡਾਇਰੈਕਟਰ, ਜਨਰਲ ਸਕੂਲ ਐਜੂਕੇਸ਼ਨ, ਪੰਜਾਬ ਨੂੰ ਕਾਪੀ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਹੁਕਮਾਂ ਨੂੰ ਤੁਰੰਤ ਵਿਭਾਗ ਦੀ ਵੈਬਸਾਈਟ ਤੇ ਅੱਪਲੋਡ ਕੀਤਾ ਜਾਵੇ।
4. ਡਾਇਰੈਕਟਰ, ਸਕੂਲ ਐਜੂਕੇਸ਼ਨ (ਸੈਕੰਡਰੀ/ਐਲੀਮੈਂਟਰੀ), ਪੰਜਾਬ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
6. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.), ਪੰਜਾਬ (ਵੈਬਸਾਈਟ ਰਾਹੀਂ)।
7. ਸਬੰਧਤ ਅਧਿਕਾਰੀ (ਵੈਬਸਾਈਟ ਰਾਹੀਂ)।

ਅਧੀਨ ਸਕੱਤਰ ਸਕੂਲ ਸਿੱਖਿਆ

<u>ਅੰਦਰੂਨੀ ਵੰਡ</u>:

1. ਨਿ.ਸਕੱਤਰ/ਸਿੱਖਿਆ ਮੰਤਰੀ
2. ਨਿ.ਸਕੱਤਰ/ਸਕੱਤਰ ਸਕੂਲ ਸਿੱਖਿਆ
3. ਨਿ.ਸਹਾਇਕ/ਸੰਯੁਕਤ ਸਕੱਤਰ ਸਕੂਲ ਸਿੱਖਿਆ